**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13-10**

**ਮਿਤੀ : 20-06-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਬਿਹਾਰ ਦੇ ਸੀਵਾਨ ਵਿਖੇ ਲਗਭਗ ਪੰਜ ਹਜ਼ਾਰ 900 ਕਰੋੜ ਰੁਪਏ ਦੇ ਕਈ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖ ਰਹੇ ਨੇ । ਇਹ ਪ੍ਰੋਜੈਕਟ ਸ਼ਹਿਰੀ ਵਿਕਾਸ, ਸੀਵਰੇਜ ਟ੍ਰੀਟਮੈਂਟ, ਪ੍ਰਧਾਨ ਮੰਤਰੀ ਆਵਾਸ ਯੋਜਨਾ, ਰੇਲਵੇ ਅਤੇ ਬਿਜਲੀ ਖੇਤਰ ਨਾਲ ਸਬੰਧਤ ਨੇ । ਸ਼੍ਰੀ ਮੋਦੀ ਇਸ ਮੌਕੇ ਇੱਕ ਜਨਤਕ ਮੀਟਿੰਗ ਨੂੰ ਵੀ ਸੰਬੋਧਨ ਕਰਨਗੇ।

---

ਕੈਲਾਸ਼ ਮਾਨਸਰੋਵਰ ਯਾਤਰਾ ਪੰਜ ਸਾਲਾਂ ਦੇ ਵਕਫ਼ੇ ਮਗਰੋਂ ਅੱਜ ਸਿੱਕਮ ਦੇ ਨਾਥੂਲਾ ਤੋਂ ਸ਼ੁਰੂ ਹੋਈ । ਰਾਜਪਾਲ ਓਮ ਪ੍ਰਕਾਸ਼ ਮਾਥੁਰ ਨੇ ਇਸ ਪਵਿੱਤਰ ਯਾਤਰਾ ਲਈ 36 ਮੈਂਬਰਾਂ ਦੇ ਜਥੇ ਨੂੰ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਸਾਲ ਸ਼ਰਧਾਲੂਆਂ ਦੇ ਕੁੱਲ 10 ਜਥੇ ਨਾਥੂਲਾ ਤੋਂ ਕੈਲਾਸ਼ ਮਾਨਸਰੋਵਰ ਜਾਣਗੇ। ਹਰੇਕ ਜਥੇ ਨੂੰ ਪਵਿੱਤਰ ਯਾਤਰਾ ਪੂਰੀ ਕਰਨ ਵਿੱਚ 11 ਤੋਂ 12 ਦਿਨ ਲੱਗਣਗੇ। ਪੂਰੀ ਯਾਤਰਾ ਦੌਰਾਨ ਡਾਕਟਰ ਅਤੇ

ਸਰਕਾਰੀ ਅਧਿਕਾਰੀ ਵੀ ਉਨ੍ਹਾਂ ਦੇ ਨਾਲ ਰਹਿਣਗੇ।
------------------------------------------------------------------------
ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਅੱਜ ਮੋਹਾਲੀ ਵਿਚ ਸੂਬੇ ਦੀਆਂ ਜੇਲ੍ਹਾਂ ਦੇ ਮੁੱਖ ਦਫਤਰ ਦੀ 5 ਮੰਜ਼ਿਲਾ ਇਮਾਰਤ ਦਾ ਨੀਂਹ ਪੱਥਰ ਰੱਖਿਆ। ਸ੍ਰੀ ਭੁੱਲਰ ਨੇ ਦੱਸਿਆ ਕਿ ਨਿਰਮਾਣ ਕਾਰਜ ਦੋ ਸਾਲਾਂ ਵਿੱਚ ਪੂਰਾ ਹੋ ਜਾਵੇਗਾ। ਇਹ ਇਮਾਰਤ ਅਤਿ ਆਧੁਨਿਕ ਸਹੂਲਤਾਂ ਵਾਲੀ ਇਮਾਰਤ ਦੀ ਹਾਲਤ ਹੋਵੇਗੀ। ਇਸ ਇਮਾਰਤ 35 ਕਰੋੜ ਰੁਪਏ ਦੀ ਲਾਗਤ ਨਾਲ ਇੱਕ ਏਕੜ ਜ਼ਮੀਨ ਵਿੱਚ ਬਣਾਈ ਜਾਵੇਗੀ। ਸੂਬੇ ਦੀਆਂ ਸਾਰੀਆਂ ਜੇਲ੍ਹਾਂ ਦੀ ਹਾਲਤ ਵਿੱਚ ਸੁਧਾਰ ਬਾਰੇ ਗੱਲ ਕਰਦਿਆਂ, ਉਨ੍ਹਾਂ ਜੇਲ੍ਹਾਂ ਵਿੱਚ ਨਵੀਆਂ ਸਹੂਲਤਾਂ ਨਾਲ ਲੈਸ ਕਰਨ ਬਾਰੇ ਗੱਲ ਕੀਤੀ ਜਿਸ ਵਿੱਚ ਜੈਮਰ ਅਤੇ ਜੇਲ੍ਹਾਂ ਵਿੱਚ ਨਸ਼ਿਆਂ ਜਾਂ ਕਿਸੇ ਵੀ ਨਸ਼ੀਲੇ ਪਦਾਰਥ ਦੀ ਤਸਕਰੀ ਨੂੰ ਰੋਕਣ ਲਈ ਕਦਮ ਸ਼ਾਮਲ ਨੇ।
BYTE:
------------------------------------------------------------------------
ਬੀ.ਐਸ.ਐਫ ਦੇ ਜਵਾਨਾਂ ਨੇ ਇੱਕ ਵੱਡੀ ਸਫਲਤਾ ਵਿੱਚ ਅੱਜ ਅੰਮ੍ਰਿਤਸਰ ਦੇ ਇੱਕ ਪਿੰਡ ਦੇ ਨੇੜੇ ਇੱਕ ਖੇਤ ਚੋਂ ਸੱਤ ਕਿਲੋਗ੍ਰਾਮ ਤੋਂ ਵੱਧ ਨਸ਼ੀਲਾ ਪਦਾਰਥ ਆਈਸ-ਮੈਥਾਮ-ਫੇਟਾ-ਮਾਈਨ ਬਰਾਮਦ ਕੀਤਾ ਏ। ਸੂਤਰਾਂ ਨੇ ਦਾਅਵਾ ਕੀਤਾ ਏ ਕਿ ਇਹ ਹਾਲ ਹੀ ਵਿੱਚ ਪੰਜਾਬ ਵਿੱਚ ਬਰਾਮਦ ਕੀਤੀ ਗਈ ਇੱਕ ਸਿੰਥੈਟਿਕ ਡਰੱਗ, ਆਈਸ ਦੀ ਸਭ ਤੋਂ ਵੱਡੀ

ਖੇਪ ਏ । ਇੱਕ ਖਾਸ ਖੁਫੀਆ ਜਾਣਕਾਰੀ 'ਤੇ ਕਾਰਵਾਈ ਕਰਦੇ ਹੋਏ, ਫੌਜਾਂ ਨੇ ਪਾਕਿਸਤਾਨ ਨਾਲ ਲੱਗਦੀ ਅੰਮ੍ਰਿਤਸਰ ਸਰਹੱਦ 'ਤੇ ਦੇਰ ਰਾਤ ਇੱਕ ਕਾਰਵਾਈ ਸ਼ੁਰੂ ਕੀਤੀ ਅਤੇ ਇੱਕ ਡਰੋਨ ਦੀ ਗਤੀਵਿਧੀ ਨੂੰ ਰੋਕਿਆ ਗਿਆ, ਜਿਸਨੂੰ ਬੇਅਸਰ ਕਰ ਦਿੱਤਾ ਗਿਆ। ਸ਼ੱਕੀ ਖੇਤਰ ਦੀ ਪੂਰੀ ਤਲਾਸ਼ੀ ਲੈਣ ਤੋਂ ਬਾਅਦ ਡਰੋਨ ਦੇ ਨਾਲ ਇੱਕ ਵੱਡਾ ਕਾਲਾ ਬੈਗ ਵੀ ਬਰਾਮਦ ਹੋਇਆ, ਜਿਸ ਵਿੱਚ ਨਸ਼ੀਲੇ ਪਦਾਰਥ ਦੇ ਸੱਤ ਪੈਕੇਟ ਸਨ।

-----------------------------------------------------------------------

ਸੱਭਿਆਚਾਰ ਮੰਤਰਾਲਾ 11ਵੇਂ ਕੌਮਾਂਤਰੀ ਯੋਗ ਦਿਵਸ 'ਤੇ ਦੇਸ਼ ਭਰ ਦੇ 100 ਪ੍ਰਮੁੱਖ ਸੈਰ-ਸਪਾਟਾ ਸਥਾਨਾਂ ਅਤੇ 50 ਹੋਰ ਸੱਭਿਆਚਾਰਕ ਥਾਵਾਂ 'ਤੇ ਯੋਗਾ ਸੈਸ਼ਨਾਂ ਦਾ ਆਯੋਜਨ ਕਰ ਰਿਹਾ ਏ । ਇਹ ਸੈਸ਼ਨ ਵਿਸ਼ਾਖਾਪਟਨਮ ਵਿੱਚ ਆਯੂਸ਼ ਮੰਤਰਾਲੇ ਦੁਆਰਾ ਆਯੋਜਿਤ ਪ੍ਰਮੁੱਖ ਯੋਗਾ ਪ੍ਰੋਗਰਾਮ ਦੇ ਪੂਰਕ ਹੋਣਗੇ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵਿਸ਼ਾਖਾਪਟਨਮ ਯੋਗਾ ਪ੍ਰੋਗਰਾਮ ਵਿੱਚ ਹਿੱਸਾ ਲੈਣਗੇ।

-----------------------------------------------------------------------

ਆਯੁਸ਼ ਰਾਜ ਮੰਤਰੀ ਪ੍ਰਤਾਪ-ਰਾਓ ਜਾਧਵ ਨੇ ਆਕਾਸ਼ਵਾਣੀ ਖਬਰਾਂ ਨਾਲ ਇੱਕ ਵਿਸ਼ੇਸ਼ ਇੰਟਰਵਿਊ ਵਿੱਚ ਕਿਹਾ ਕਿ ਯੋਗਾ ਸਿਰਫ ਇੱਕ ਦਿਨ ਦਾ ਪ੍ਰੋਗਰਾਮ ਨਹੀਂ ਹੈ ਬਲਕਿ ਇੱਕ ਜੀਵਨ ਸ਼ੈਲੀ ਏ । ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਯੋਗਾ ਨੂੰ ਆਪਣੇ ਜੀਵਨ ਵਿੱਚ ਸ਼ਾਮਲ ਕਰਨ

ਅਤੇ ਪਰਿਵਾਰਕ ਮੈਂਬਰਾਂ ਨੂੰ ਵੀ ਯੋਗ ਕਰਨ ਬਾਰੇ ਪ੍ਰੇਰਿਤ ਕਰਨ ।

---------------------------------------------------------------------------

ਕੈਬਿਨੇਟ ਮੰਤਰੀ ਲਾਲਚੰਦ ਕਟਾਰੁਚਕ ਅਤੇ ਬਲਬੀਰ ਸਿੰਘ ਨੇ ਕੱਲ ਪਠਾਨਕੋਟ ਸਿਵਿਲ ਹਸਪਤਾਲ ਵਿਖੇ ਨਸ਼ਾ ਛੁਡਾਊ ਕੇਂਦਰ ਦਾ ਕੀਤਾ ਦੌਰਾ ਕੀਤਾ । ਸਿਹਤ ਮੰਤਰੀ ਨੇ ਦੱਸਿਆ ਕਿ ਸੂਬੇ ਦੇ ਨੌਜਵਾਨ ਨਸ਼ਾ ਛੁੜਾਉਣ ਲਈ ਹੁਣ ਨਸ਼ਾ ਛੁਡਾਊ ਕੇਂਦਰਾਂ ਦਾ ਰੁੱਖ ਕਰ ਰਹੇ ਨੇ ਅਤੇ ਲੋਕਾਂ ਵਲੋਂ ਵੀ ਸਹਿਯੋਗ ਕੀਤਾ ਜਾ ਰਿਹਾ ਏ ।
BYTE:

---------------------------------------------------------------------------

ਪੰਜਾਬ ਸਰਕਾਰ ਸੂਬੇ ਭਰ ਦੇ ਬੇਸਹਾਰਾ ਬੱਚਿਆਂ ਦੇ ਸੁਨਹਿਰੀ ਭਵਿੱਖ ਯਕੀਨੀ ਬਣਾਉਣ ਲਈ ਗੋਦ ਲੈਣ ਦੀ ਪ੍ਰਕਿਰਿਆ ਨੂੰ ਕਾਨੂੰਨੀ ਤੇ ਸੁਰੱਖਿਅਤ ਬਣਾਵੇਗੀ । ਕੱਲ ਚੰਡੀਗੜ੍ਹ ਵਿਚ ਇਕ ਸਿਖਲਾਈ ਪ੍ਰੋਗਰਾਮ ਮੌਕੇ ਸੰਬੋਧਨ ਕਰਦਿਆਂ ਸਮਾਜਿਕ ਸੁਰੱਖਿਆ,ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਕਾਨੂੰਨੀ ਤੇ ਸੁਰੱਖਿਅਤ ਤੌਰ ਤੇ ਬੇਸਹਾਰਾ ਬੱਚਿਆਂ ਨੂੰ ਗੋਦ ਲੈਣ ਦੀ ਪ੍ਰਕਿਰਿਆ ਨੂੰ ਪ੍ਰਭਾਵਸ਼ਾਲੀ ਬਣਾਇਆ ਜਾਣ ਦੀ ਜ਼ਰੂਰਤ ਏ । ਉਨ੍ਹਾਂ ਕਿਹਾ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਸਿਖਲਾਈ ਦੇਣ ਦਾ ਪ੍ਰੋਗਰਾਮ ਉਲੀਕਿਆ ਗਿਆ ਏ ਤਾਂ ਜੋ ਬੱਚਾ ਗੋਦ ਲੈਣ ਮਗਰੋਂ ਕਿਸੇ ਕਿਸਮ ਦੀ ਕਾਨੂੰਨੀ ਰੁਕਾਵਟ ਨਾ ਆਵੇ। ਡਾ. ਬਲਜੀਤ ਕੌਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ

ਜੋ ਪਰਿਵਾਰ ਸੁਖ-ਸਹੂਲਤਾਂ ਵਾਲੇ ਅਤੇ ਸਮਰੱਥ ਹਨ, ਉਹ ਇਨਸਾਨੀਅਤ ਦੇ ਨਾਤੇ ਅਜਿਹੇ ਅਨਾਥ ਅਤੇ ਬੇਸਹਾਰਾ ਬੱਚਿਆਂ ਨੂੰ ਕਾਨੂੰਨੀ ਪ੍ਰਕਿਰਿਆ ਰਾਹੀਂ ਗੋਦ ਲੈਣ ਲਈ ਅੱਗੇ ਆਉਣਾ ਚਾਹੀਦਾ ਏ। ਇਸ ਤਰ੍ਹਾਂ ਉਹ ਬੱਚਾ ਮਾਤਾ-ਪਿਤਾ ਦੇ ਪਿਆਰ ਤੋਂ ਮਹਰੂਮ ਨਹੀਂ ਰਹੇਗਾ ਅਤੇ ਉਸਦਾ ਭਵਿੱਖ ਵੀ ਸੁਰੱਖਿਅਤ ਬਣ ਸਕੇਗਾ।

--------------------------------------------------------------------

ਅੰਮ੍ਰਿਤਸਰ ਦੇਹਾਤੀ ਪੁਲਿਸ ਨੇ ਕੌਮਾਂਤਰੀ ਕਬੱਡੀ ਖਿਡਾਰੀ ਗੁਰਲਾਲ ਸਿੰਘ ਨੂੰ ਫਿਰੌਤੀ ਅਤੇ ਗੋਲੀਬਾਰੀ ਦੇ ਮਾਮਲੇ ਵਿੱਚ ਗ੍ਰਿਫ਼ਤਾਰ ਕੀਤਾ ਏ। ਰਾਜਾਸਾਂਸੀ ਦੇ ਡੀ.ਐਸ.ਪੀ. ਇੰਦਰਜੀਤ ਸਿੰਘ ਨੇ ਦੱਸਿਆ ਕਿ ਤਰਨਤਾਰਨ ਜ਼ਿਲ੍ਹੇ ਦੇ ਪਿੰਡ ਸੋਹਿਲ ਵਾਸੀ ਗੁਰਲਾਲ ਨੇ ਆਪਣੇ ਹੋਰ ਸਾਥੀਆਂ ਨਾਲ ਮਿਲ ਕੇ ਭਿਲੋਵਾਲ ਪਿੰਡ ਦੇ ਇਕ ਡਾਕਟਰ ਨੂੰ ਧਮਕੀ ਭਰੇ ਫ਼ੋਨ ਕਰਕੇ 30 ਲੱਖ ਰੁਪਏ ਦੀ ਫਿਰੌਤੀ ਮੰਗੀ ਅਤੇ ਫਿਰੌਤੀ ਦੀ ਰਕਮ ਨਾ ਦੇਣ 'ਤੇ ਮੁਲਜ਼ਮਾਂ ਨੇ 4 ਜੂਨ ਦੀ ਰਾਤ ਡਾਕਟਰ ਦੇ ਘਰ ਦੇ ਬਾਹਰ ਗੋਲੀਬਾਰੀ ਕਰ ਦਿੱਤੀ। ਪੁਲਿਸ ਨੇ ਗੁਰਲਾਲ ਸਿੰਘ ਨੂੰ ਇੱਕ ਕਾਰ ਅਤੇ ਹਥਿਆਰ ਸਮੇਤ ਕਾਬੂ ਕੀਤਾ ਏ। ਉਸਦੇ ਹੋਰਨਾਂ ਸਾਥੀਆਂ ਨੂੰ ਗ੍ਰਿਫਤਾਰ ਕਰਨ ਲਈ ਕਾਰਵਾਈ ਕੀਤੀ ਜਾ ਰਹੀ ਏ।